ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-6 ਸ਼ਾਖਾ)

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.) ਪੰਜਾਬ।
2. ਸਮੂਹ ਪ੍ਰਿੰਸੀਪਲ ਅਤੇ ਸਕੂਲ ਮੁੱਖੀ, ਪੰਜਾਬ।

ਮੀਮੋ ਨੰ: 11/72-2017-5 ਸਿ/174-175
ਮਿਤੀ, ਚੰਡੀਗੜ੍ਹ: 22-6-2018

**ਵਿਸ਼ਾ:- ਸਕੂਲਾਂ ਵਿੱਚ ਹੋਣ ਵਾਲੀਆਂ 10ਵੀਂ ਅਤੇ 12ਵੀਂ ਜਮਾਤਾਂ ਦੀਆਂ ਵਿਦਾਇਗੀ ਪਾਰਟੀਆਂ ਸਬੰਧੀ।**

ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

1. ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਸਿੱਖਿਆ ਵਿਭਾਗ ਦੇ ਸਕੂਲਾਂ ਵਿੱਚ 10ਵੀਂ ਅਤੇ 12ਵੀਂ ਜਮਾਤਾਂ ਨੂੰ ਪਾਰਟੀ ਦੇਣ ਦੀ ਪਰੰਪਰਾ ਪਿਛਲੇ ਸਮੇਂ ਤੋਂ ਚੱਲ ਰਹੀ ਹੈ ਜਿਸ ਵਿੱਚ 11ਵੀਂ ਜਮਾਤ ਦੇ ਵਿਦਿਆਰਥੀ 12ਵੀਂ ਜਮਾਤ ਨੂੰ ਅਤੇ 9ਵੀਂ ਜਮਾਤ ਦੇ ਵਿਦਿਆਰਥੀ 10 ਵੀਂ ਜਮਾਤ ਨੂੰ ਪਾਰਟੀ ਕਰਦੇ ਹਨ। ਇਹਨਾਂ ਪਾਰਟੀਆਂ ਦੇ ਸਬੰਧ ਵਿੱਚ 9ਵੀਂ ਅਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਪੈਸੇ ਇੱਕਤਰ ਕੀਤੇ ਜਾਂਦੇ ਹਨ।

2. ਸਰਕਾਰੀ ਸਕੂਲਾਂ ਵਿੱਚ ਆਮ ਤੌਰ ਤੇ ਗਰੀਬ ਮਾਪਿਆਂ ਦੇ ਬੱਚੇ ਹੀ ਪੜ੍ਹਦੇ ਹਨ। ਅਜਿਹੀਆਂ ਪਾਰਟੀਆਂ ਕਰਨ ਨਾਲ ਪੜ੍ਹਦੇ ਵਿਦਿਆਰਥੀਆਂ ਉੱਪਰ ਵਾਧੂ ਵਿੱਤੀ ਬੋਝ ਪੈਂਦਾ ਹੈ। ਮਾਪੇ ਪੈਸੇ ਦੇਣ ਤੋਂ ਅਸਮਰਥ ਹੁੰਦੇ ਹਨ ਪਰੰਤੂ ਆਪਣੇ ਬੱਚਿਆਂ ਦੀ ਜ਼ਿੱਦ ਕਾਰਨ ਮਜ਼ਬੂਰੀ ਵਸ ਉਹਨਾਂ ਨੂੰ ਇਹ ਪੈਸੇ ਦੇਣੇ ਪੈਂਦੇ ਹਨ। ਕੁੱਝ ਮਾਪੇ ਜਿਹਨਾਂ ਵਿਦਿਆਰਥੀਆਂ ਨੂੰ ਇਹ ਪੈਸੇ ਨਹੀਂ ਦੇਂਦੇ ਉਹ ਵਿਦਿਆਰਥੀ ਇਹਨਾਂ ਪਾਰਟੀਆਂ ਵਿੱਚ ਸ਼ਾਮਿਲ ਹੋਣ ਤੋਂ ਗੁਰੇਜ਼ ਕਰਦੇ ਹਨ। ਇਸ ਤਰ੍ਹਾਂ ਉਹਨਾਂ ਉੱਪਰ ਵਾਧੂ ਦਾ ਮਾਨਸਿਕ ਤਣਾਅ ਬਣਦਾ ਹੈ ਤੇ ਉਹ ਹੀਣ ਭਾਵਨਾ ਦਾ ਸ਼ਿਕਾਰ ਵੀ ਹੁੰਦੇ ਹਨ।

ਉਪਰੋਕਤ ਨੂੰ ਮੁੱਖ ਰੱਖਦੇ ਹੋਏ ਸਕੂਲ ਮੁੱਖੀਆਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲਾਂ ਵਿੱਚ ਅਜਿਹੀਆਂ ਵਿਦਾਇਗੀ ਪਾਰਟੀਆਂ ਨਾ ਕੀਤੀਆਂ ਜਾਣ। ਜਿਥੋ ਤੱਕ ਬੱਚਿਆਂ ਦੇ ਗਰੁੱਪ ਫੋਟੋ ਦਾ ਸਵਾਲ ਹੈ। ਇਹ ਗਰੁੱਪ ਫੋਟੋ ਕਰਵਾਈ ਜਾ ਸਕਦੀ ਹੈ ਤਾਂ ਜੋ ਵਿਦਿਆਰਥੀਆਂ ਦੀ ਆਪਣੇ ਸਾਥੀਆਂ ਨਾਲ ਭਾਵਨਾਤਮਕ ਸਾਂਝ ਬਣੀ ਰਹੇ।

**ਸਕੱਤਰ ਸਕੂਲ ਸਿੱਖਿਆ**

ਪਿ.ਅੰ.ਨੰ: 11/72-2017-5 ਸਿ6/176-180 ਮਿਤੀ, ਚੰਡੀਗੜ੍ਹ: 22-6-2018

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.)
3. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.)
4. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ
5. ਡਾਇਰੈਕਟਰ,ਐਸ.ਸੀ.ਈ.ਆਰ.ਟੀ. ਪੰਜਾਬ।

**ਸਕੱਤਰ ਸਕੂਲ ਸਿੱਖਿਆ**